**ਕਲਿਆਨ ਮਹਲਾ ੪ ॥ ਪ੍ਰਭ ਕੀਜੈ ਕ੍ਰਿਪਾ ਨਿਧਾਨ ਹਮ ਹਰਿ ਗੁਨ ਗਾਵਹਗੇ ॥ ਹਉ ਤੁਮਰੀ ਕਰਉ ਨਿਤ ਆਸ ਪ੍ਰਭ ਮੋਹਿ ਕਬ ਗਲਿ ਲਾਵਹਿਗੇ ॥੧॥ ਰਹਾਉ ॥ ਹਮ ਬਾਰਿਕ ਮੁਗਧ ਇਆਨ ਪਿਤਾ ਸਮਝਾਵਹਿਗੇ ॥ ਸੁਤੁ ਖਿਨੁ ਖਿਨੁ ਭੂਲਿ ਬਿਗਾਰਿ ਜਗਤ ਪਿਤ ਭਾਵਹਿਗੇ ॥੧॥ ਜੋ ਹਰਿ ਸੁਆਮੀ ਤੁਮ ਦੇਹੁ ਸੋਈ ਹਮ ਪਾਵਹਗੇ ॥ ਮੋਹਿ ਦੂਜੀ ਨਾਹੀ ਠਉਰ ਜਿਸੁ ਪਹਿ ਹਮ ਜਾਵਹਗੇ ॥੨॥ ਜੋ ਹਰਿ ਭਾਵਹਿ ਭਗਤ ਤਿਨਾ ਹਰਿ ਭਾਵਹਿਗੇ ॥ ਜੋਤੀ ਜੋਤਿ ਮਿਲਾਇ ਜੋਤਿ ਰਲਿ ਜਾਵਹਗੇ ॥੩॥ ਹਰਿ ਆਪੇ ਹੋਇ ਕ੍ਰਿਪਾਲੁ ਆਪਿ ਲਿਵ ਲਾਵਹਿਗੇ ॥ ਜਨੁ ਨਾਨਕੁ ਸਰਨਿ ਦੁਆਰਿ ਹਰਿ ਲਾਜ ਰਖਾਵਹਿਗੇ ॥੪॥੬॥ ਛਕਾ ੧ ॥** {ਪੰਨਾ 1321}

ਪਦ ਅਰਥ:- ਪ੍ਰਭ—ਹੇ ਪ੍ਰਭੂ! ਕੀਜੈ ਕ੍ਰਿਪਾ—ਕ੍ਰਿਪਾ ਕਰ। ਕ੍ਰਿਪਾ ਨਿਧਾਨ—ਹੇ ਕ੍ਰਿਪਾ ਦੇ ਖ਼ਜ਼ਾਨੇ। ਹਮ—ਅਸੀਂ ਜੀਵ। ਗੁਨ ਗਾਵਹਗੇ—ਗੁਨ ਗਾਵਹ, ਗੁਣ ਗਾਂਦੇ ਰਹੀਏ। ਹਉ—ਹਉਂ, ਮੈਂ। ਕਰਉ—ਕਰਉਂ, ਮੈਂ ਕਰਦਾ ਹਾਂ। ਨਿਤ—ਸਦਾ। ਮੋਹਿ—ਮੈਨੂੰ। ਗਲਿ—ਗਲ ਨਾਲ। ਲਾਵਹਿਗੇ—ਲਾਣਗੇ।1। ਰਹਾਉ।

ਬਾਰਿਕ—ਬਾਲਕ, ਬੱਚੇ। ਮੁਗਧ—ਮੂਰਖ। ਇਆਨ—ਅੰਞਾਣੇ। ਸੁਤੁ—ਪੁੱਤਰ (ਇਕ-ਵਚਨ)। ਭੂਲਿ—ਭੂਲੈ, ਭੁੱਲਦਾ ਹੈ। ਬਿਗਾਰਿ—ਬਿਗਾਰੈ, ਵਿਗਾੜਦਾ ਹੈ। ਭਾਵਹਿਗੇ—(ਬੱਚੇ) ਪਿਆਰੇ ਲੱਗਦੇ ਹਨ।1।

ਹਰਿ ਸੁਆਮੀ—ਹੇ ਹਰੀ! ਹੇ ਸੁਆਮੀ! ਹਮ ਪਾਵਹਗੇ—ਅਸੀਂ ਜੀਵ ਲੈ ਸਕਦੇ ਹਾਂ। ਮੋਹਿ—ਮੈਨੂੰ। ਠਉਰ—ਥਾਂ, ਆਸਰਾ। ਪਹਿ—ਪਾਸ, ਕੋਲ।2।

ਜੋ ਭਗਤ—ਜਿਹੜੇ ਭਗਤ (ਬਹੁ-ਵਚਨ)। ਹਰਿ ਭਾਵਹਿ—ਹਰੀ ਨੂੰ ਪਿਆਰੇ ਲੱਗਦੇ ਹਨ। ਤਿਨਾ—ਉਹਨਾਂ ਨੂੰ। ਹਰਿ ਭਾਵਹਿਗੇ—ਪ੍ਰਭੂ ਜੀ ਪਿਆਰੇ ਲੱਗਦੇ ਹਨ। ਜੋਤੀ—ਪ੍ਰਭੂ ਦੀ ਜੋਤਿ ਵਿਚ। ਜੋਤਿ—ਜਿੰਦ। ਮਿਲਾਇ—ਮਿਲਾ ਕੇ। ਰਲਿ ਜਾਵਹਗੇ—ਰਲ ਜਾਂਦੇ ਹਨ, ਇਕ-ਮਿਕ ਹੋ ਜਾਂਦੇ ਹਨ।3।

ਆਪੇ—ਆਪ ਹੀ। ਹੋਇ—ਹੋ ਕੇ। ਲਿਵ ਲਾਵਹਿਗੇ—ਲਗਨ ਪੈਦਾ ਕਰਦੇ ਹਨ। ਦੁਆਰਿ—(ਪ੍ਰਭੂ ਦੇ) ਦਰ ਤੇ। ਲਾਜ—ਇੱਜ਼ਤ।4।

ਅਰਥ:- ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮਿਹਰ ਕਰ, ਅਸੀਂ (ਜੀਵ) ਤੇਰੇ ਗੁਣ ਗਾਂਦੇ ਰਹੀਏ। ਹੇ ਪ੍ਰਭੂ! ਮੈਂ ਸਦਾ ਤੇਰੀ (ਮਿਹਰ ਦੀ ਹੀ) ਆਸ ਕਰਦਾ ਰਹਿੰਦਾ ਹਾਂ ਕਿ ਪ੍ਰਭੂ ਜੀ ਮੈਨੂੰ ਕਦੋਂ (ਆਪਣੇ) ਗਲ ਨਾਲ ਲਾਣਗੇ।1। ਰਹਾਉ।

ਹੇ ਭਾਈ! ਅਸੀਂ ਜੀਵ ਮੂਰਖ ਅੰਞਾਣ ਬੱਚੇ ਹਾਂ, ਪ੍ਰਭੂ-ਪਿਤਾ ਜੀ (ਸਾਨੂੰ ਸਦਾ) ਸਮਝਾਂਦੇ ਰਹਿੰਦੇ ਹਨ। ਪੁੱਤਰ ਮੁੜ ਮੁੜ ਹਰ ਵੇਲੇ ਭੁੱਲਦਾ ਹੈ ਵਿਗਾੜ ਕਰਦਾ ਹੈ, ਪਰ ਜਗਤ ਦੇ ਪਿਤਾ ਨੂੰ (ਜੀਵ ਬੱਚੇ ਫਿਰ ਭੀ) ਪਿਆਰੇ (ਹੀ) ਲੱਗਦੇ ਹਨ।1।

ਹੇ ਹਰੀ! ਹੇ ਸੁਆਮੀ! ਜੋ ਕੁਝ ਤੂੰ (ਆਪ) ਦੇਂਦਾ ਹੈਂ, ਉਹੀ ਕੁਝ ਅਸੀਂ ਲੈ ਸਕਦੇ ਹਾਂ। (ਤੈਥੋਂ ਬਿਨਾ) ਮੈਨੂੰ ਕੋਈ ਹੋਰ ਥਾਂ ਨਹੀਂ ਸੁੱਝਦੀ, ਜਿਸ ਕੋਲ ਅਸੀਂ ਜੀਵ ਜਾ ਸਕੀਏ।2।

ਹੇ ਭਾਈ! ਜਿਹੜੇ ਭਗਤ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਨੂੰ ਪ੍ਰਭੂ ਜੀ ਪਿਆਰੇ ਲੱਗਦੇ ਹਨ। (ਉਹ ਭਗਤ) ਪ੍ਰਭੂ ਦੀ ਜੋਤਿ ਵਿਚ ਆਪਣੀ ਜਿੰਦ ਮਿਲਾ ਕੇ ਪ੍ਰਭੂ ਦੀ ਜੋਤਿ ਨਾਲ ਇਕ-ਮਿਕ ਹੋਏ ਰਹਿੰਦੇ ਹਨ।3।

ਹੇ ਭਾਈ! ਪ੍ਰਭੂ ਜੀ ਆਪ ਹੀ ਦਇਆਲ ਹੋ ਕੇ (ਜੀਵਾਂ ਦੇ ਅੰਦਰ) ਆਪ (ਹੀ ਆਪਣਾ) ਪਿਆਰ ਪੈਦਾ ਕਰਦੇ ਹਨ। ਦਾਸ ਨਾਨਕ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਪ੍ਰਭੂ ਦੇ ਦਰ ਤੇ (ਡਿੱਗਾ) ਰਹਿੰਦਾ ਹੈ। (ਪ੍ਰਭੂ ਜੀ ਦਰ ਪਏ ਦੀ) ਆਪ ਹੀ ਇੱਜ਼ਤ ਰੱਖਦੇ ਹਨ।4।6। ਛਕਾ।1।